# ਦਫਤਰ ਡਾਇਰੈਕਟਰ ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ

ਛੇਵੀਂ ਮੰਜਿਲ, ਬਲਾਕ-ਈ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਫੇਜ-8, ਮੋਹਾਲੀ

ਵੱਲ :

1. ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ./ਐ.ਸਿੱ.),
2. ਸਮੂਹ ਸਕੂਲ ਮੁੱਖੀ,

ਪੰਜਾਬ।

ਮੀਮੋ ਨੰ: Ao(Co)/SSE/2019/10921169/201936481?

ਮਿਤੀ: 24.10.19

**ਵਿਸ਼ਾ :-** **31 ਅਕਤੂਬਰ ਨੂੰ ਰਾਸ਼ਟਰੀ ਏਕਤਾ ਦਿਵਸ ਵੱਜੋਂ ਮਨਾਉਣ ਸਬੰਧੀ।**

ਹਵਾਲਾ:- ਦਫ਼ਤਰ ਮਨੁੱਖੀ ਸੋਮੇ ਵਿਕਾਸ ਮੰਤਰਾਲਾ, ਭਾਰਤ ਸਰਕਾਰ ਦੇ ਪੱਤਰ D.O.1-8/2019-IS-5 Dated: 18 Oct. 2019 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰ ਦੇ ਸਬੰਧ ਵਿੱਚ ਲਿਖਿਆ ਜਾਂਦਾ ਹੈ ਕਿ ਦੇਸ਼ ਦੀ ਸੁਰੱਖਿਆ, ਏਕਤਾ ਅਤੇ ਅਖੰਡਤਾ ਨੂੰ ਸੁਦ੍ਰਿੜ ਕਰਨ ਦੀ ਭਾਵਨਾ ਨਾਲ 31 ਅਕਤੂਬਰ, 2019 ਨੂੰ ਸਰਦਾਰ ਵੱਲਭ ਭਾਈ ਪਟੇਲ ਦੇ ਜਨਮ ਦਿਵਸ ਨੂੰ ਬਤੌਰ ਰਾਸ਼ਟਰੀ ਏਕਤਾ ਦਿਵਸ ਮਨਾਇਆ ਜਾਣਾ ਹੈ। ਇਸ ਦੇ ਸਬੰਧ ਵਿੱਚ ਸਿੱਖਿਆ ਵਿਭਾਗ ਅਧੀਨ ਆਉਂਦੇ ਸਰਕਾਰੀ ਸਕੂਲਾਂ ਵਿੱਚ ਮਿਤੀ 31-10-2019 ਨੂੰ ਸਵੇਰ ਦੀ ਸਭਾ ਦੌਰਾਨ ਦੇਸ਼ ਦੀ ਸੁਰੱਖਿਆ, ਏਕਤਾ ਅਤੇ ਅਖੰਡਤਾ ਵਿਸ਼ੇ 'ਤੇ ਵਿਦਿਆਰਥੀਆਂ ਦੁਆਰਾ ਭਾਸ਼ਣ ਕਰਵਾਏ ਜਾਣ। ਇਸ ਉਪਰੰਤ ਹੇਠ ਅਨੁਸਾਰ ਸਹੁੰ ਚੁਕਾਈ ਜਾਵੇ:-

## RASHTRIYA EKTA DIWAS AS PLEDGE

"I solemnly pledge that I dedicate myself to preserve the unity, integrity and security of the nation and also strive hard to spread this message among my fellow countrymen. I take this pledge in the spirit of unification of my country which was made possible by the vision and actions of Sardar Vallabhbhai Patel. I also solemnly resolve to make my own contribution to ensure internal security of my country".

## ਰਾਸ਼ਟਰੀ ਏਕਤਾ ਦਿਵਸ ਤੇ ਸਹੁੰ

"ਮੈਂ ਸਹੁੰ ਨਾਲ ਇਹ ਵਾਅਦਾ ਕਰਦਾ ਹਾਂ ਕਿ ਮੈਂ ਦੇਸ਼ ਦੀ ਏਕਤਾ, ਅਖੰਡਤਾ ਅਤੇ ਸੁਰੱਖਿਆ ਨੂੰ ਬਣਾਏ ਰੱਖਣ ਲਈ ਆਪਣੇ ਆਪ ਨੂੰ ਸਮਰਪਿਤ ਕਰਾਂਗਾ ਅਤੇ ਆਪਣੇ ਦੇਸ਼ਵਾਸੀਆਂ ਵਿੱਚ ਇਸ ਸੰਦੇਸ਼ ਨੂੰ ਫੈਲਾਉਣ

ਲਈ ਭਰਪੂਰ ਯਤਨ ਕਰਾਂਗਾ। ਮੈਂ ਇਹ ਸਹੁੰ ਆਪਣੇ ਦੇਸ਼ ਦੀ ਏਕਤਾ ਦੀ ਭਾਵਨਾ ਨਾਲ ਲੈ ਰਿਹਾ ਹਾਂ ਜੋ ਸਰਦਾਰ ਵੱਲਭ ਭਾਈ ਪਟੇਲ ਦੀ ਦੂਰਦ੍ਰਿਸ਼ਟੀ ਅਤੇ ਕਾਰਜ ਦੁਆਰਾ ਸੰਭਵ ਬਣਾਇਆ ਜਾ ਸਕਿਆ ਸੀ। ਮੈਂ ਆਪਣੇ ਦੇਸ਼ ਦੀ ਅੰਦਰੂਨੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਆਪਣਾ ਯੋਗਦਾਨ ਪਾਉਣ ਦਾ ਵੀ ਸਹੁੰ ਨਾਲ ਵਾਅਦਾ ਕਰਦਾ ਹਾਂ"।

ਡਾਇਰੈਕਟਰ
ਐਸ.ਸੀ.ਈ.ਆਰ.ਟੀ., ਪੰਜਾਬ

ਪਿੱਠਅੰਕਣ ਨੰ: ਉਕਤ ਮਿਤੀ: 25.10.17

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:-

1. ਦਫ਼ਤਰ ਮਨੁੱਖੀ ਸੋਮੇ ਵਿਕਾਸ ਮੰਤਰਾਲਾ, ਭਾਰਤ ਸਰਕਾਰ ਨੂੰ ਹਵਾਲਾ ਅਧੀਨ ਪੱਤਰ ਦੇ ਸਬੰਧ ਵਿੱਚ।
2. ਪੀ. ਏ. ਟੂ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ।
3. ਪੀ. ਏ. ਟੂ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ./ਐ.ਸਿੱ.),ਪੰਜਾਬ।
4. ਪੀ. ਏ. ਟੂ ਡਾਇਰੈਕਟਰ, ਐਸ.ਸੀ.ਈ.ਆਰ.ਟੀ., ਪੰਜਾਬ।
5. ਡੀ.ਐਮ. (ਐਮ.ਆਈ.ਐਸ.) ਨੂੰ ਵੈਬਸਾਈਟ 'ਤੇ ਅਪਲੋਡ ਕਰਨ ਹਿੱਤ।

ਡਾਇਰੈਕਟਰ
ਐਸ.ਸੀ.ਈ.ਆਰ.ਟੀ., ਪੰਜਾਬ